ਬਸੰਤੁ ਮਹਲਾ ੩ ॥ ਗੁਰ ਸਬਦੀ ਹਰਿ ਚੇਤਿ ਸੁਭਾਇ ॥ ਰਾਮ ਨਾਮ ਰਸਿ ਰਹੈ ਅਘਾਇ ॥ ਕੋਟ ਕੋਟੰਤਰ ਕੇ ਪਾਪ ਜਲਿ ਜਾਹਿ ॥ ਜੀਵਤ ਮਰਹਿ ਹਰਿ ਨਾਮਿ ਸਮਾਹਿ ॥ ੧॥ ਹਰਿ ਕੀ ਦਾਤਿ ਹਰਿ ਜੀਉ ਜਾਣੈ ॥ ਗੁਰ ਕੈ ਸਬਦਿ ਇਹੁ ਮਨੁ ਮਉਲਿਆ ਹਰਿ ਗੁਣਦਾਤਾ ਨਾਮੁ ਵਖਾਣੈ ॥੧॥ ਰਹਾਉ ॥ ਭਗਵੈ ਵੇਸਿ ਭ੍ਰਮਿ ਮੁਕਤਿ ਨ ਹੋਇ ॥ ਬਹੁ ਸੰਜਮਿ ਸਾਂਤਿ ਨ ਪਾਵੈ ਕੋਇ ॥ ਗੁਰਮਤਿ ਨਾਮੁ ਪਰਾਪਤਿ ਹੋਇ ॥ ਵਡਭਾਗੀ ਹਰਿ ਪਾਵੈ ਸੋਇ ॥ ੨॥ ਕਲਿ ਮਹਿ ਰਾਮ ਨਾਮਿ ਵਡਿਆਈ ॥ ਗੁਰ ਪੂਰੇ ਤੇ ਪਾਇਆ ਜਾਈ ॥ ਨਾਮਿ ਰਤੇ ਸਦਾ ਸੁਖੁ ਪਾਈ ॥ ਬਿਨੁ ਨਾਮੈ ਹਉਮੈ ਜਲਿ ਜਾਈ ॥ ੩॥ ਵਡਭਾਗੀ ਹਰਿ ਨਾਮੁ ਬੀਚਾਰਾ ॥ ਛੂਟੈ ਰਾਮ ਨਾਮਿ ਦੁਖੁ ਸਾਰਾ ॥ ਹਿਰਦੈ ਵਸਿਆ ਸੁ ਬਾਹਰਿ ਪਾਸਾਰਾ ॥ ਨਾਨਕ ਜਾਣੈ ਸਭੁ ਉਪਾਵਣਹਾਰਾ ॥੪॥੧੨॥ {ਪੰਨਾ 1175-1176}

ਪਦਅਰਥ:- ਸਬਦੀ—ਸ਼ਬਦ ਦੀ ਰਾਹੀਂ। ਚੇਤਿ—ਚੇਤ ਕੇ, ਸਿਮਰ ਕੇ। ਸੁਭਾਇ—ਪਿਆਰ ਨਾਲ। ਰਸਿ—ਰਸ ਨਾਲ। ਰਹੈ ਅਘਾਇ—(ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜਿਆ ਰਹਿੰਦਾ ਹੈ। ਕੋਟ—ਕਿਲ੍ਹੇ {ਬਹੁ-ਵਚਨ। 'ਕੋਟੁ' ਇਕ-ਵਚਨ} ਸਰੀਰ-ਕਿਲ੍ਹੇ। ਕੋਟ ਕੋਟੰਤਰ ਕੇ—ਕੋਟ ਕੋਟ ਅੰਤਰ ਕੇ, ਹੋਰ ਹੋਰ ਕਿਲ੍ਹਿਆਂ ਦੇ, ਅਨੇਕਾਂ ਸਰੀਰ-ਕਿਲ੍ਹਿਆਂ ਦੇ, ਅਨੇਕਾਂ ਜਨਮਾਂ ਦੇ। ਜਲਿ ਜਾਹਿ—ਸੜ ਜਾਂਦੇ ਹਨ। ਜੀਵਤ ਮਰਹਿ—ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਵਿਕਾਰਾਂ ਵਲੋਂ ਅਡੋਲ ਰਹਿੰਦੇ ਹਨ। ਨਾਮਿ—ਨਾਮ ਵਿਚ।1।

ਜਾਣੈ—ਜਾਣਦਾ ਹੈ {ਇਕ-ਵਚਨ}। ਮਉਲਿਆ—ਖਿੜਿਆ ਹੋਇਆ, ਆਤਮਕ ਜੀਵਨ ਨਾਲ ਭਰਪੂਰ। ਵਖਾਣੈ—(ਉਹ ਮਨੁੱਖ) ਉਚਾਰਦਾ ਹੈ। ਹਰਿ ਗੁਣ ਦਾਤਾ ਨਾਮੁ—ਹਰੀ ਦੇ ਗੁਣ (ਹਿਰਦੇ ਵਿਚ) ਪੈਦਾ ਕਰਨ ਵਾਲਾ ਹਰਿ-ਨਾਮ।1। ਰਹਾਉ।

ਵੇਸਿ—ਵੇਸ ਨਾਲ, ਭੇਖ ਨਾਲ। ਭ੍ਰਮਿ—(ਧਰਤੀ ਉਤੇ) ਭੌਂ ਭੌਂ ਕੇ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਸੰਜਮਿ—ਸੰਜਮ ਨਾਲ, ਕਠਨ ਤਪਾਂ ਨਾਲ, ਨਿਰੇ ਵਿਕਾਰਾਂ ਤੋਂ ਬਚਨ ਦੇ ਜਤਨ ਨਾਲ। ਸੋਇ—ਉਹ ਮਨੁੱਖ।2।

ਕਲਿ ਮਹਿ—ਬਖੇੜਿਆਂ-ਭਰੇ ਜਗਤ ਵਿਚ {ਨੋਟ:- ਇਥੇ ਜੁਗਾਂ ਦੇ ਨਿਰਨੇ ਦਾ ਜ਼ਿਕਰ ਨਹੀਂ ਹੈ। ਜੁਗ ਕੋਈ ਭੀ ਹੋਵੇ 'ਨਾਮਿ ਰਤੇ ਸਦਾ ਸੁਖੁ ਪਾਈ'। ਲਫ਼ਜ਼ 'ਸਦਾ' ਦੱਸਦਾ ਹੈ ਕਿ ਇਥੇ 'ਜੁਗਾਂ' ਬਾਰੇ ਵਿਚਾਰ ਨਹੀਂ ਹੈ}। ਨਾਮਿ—ਨਾਮ ਦੀ ਰਾਹੀਂ। ਤੇ—ਤੋਂ, ਦੀ ਰਾਹੀਂ। ਹਉਮੈ—ਅਹੰਕਾਰ ਵਿਚ। ਜਲਿ ਜਾਈ—ਸੜਦਾ ਹੈ, ਆਤਮਕ ਜੀਵਨ ਸੁਆਹ ਕਰ ਲੈਂਦਾ ਹੈ।3।

ਬੀਚਾਰਾ—ਵਿਚਾਰਦਾ, ਸੋਚ-ਮੰਡਲ ਵਿਚ ਵਸਾਂਦਾ। ਛੂਟੈ—ਮੁੱਕ ਜਾਂਦਾ ਹੈ। ਹਿਰਦੈ—ਹਿਰਦੇ ਵਿਚ। ਸੁ—ਉਹ ਪ੍ਰਭੂ। ਸਭੁ—ਹਰ ਥਾਂ (ਵੱਸਦਾ)। ਉਪਾਵਣਹਾਰਾ—ਸਿਰਜਣਹਾਰ।4।

ਅਰਥ:- ਹੇ ਭਾਈ! ਪਰਮਾਤਮਾ ਆਪ ਹੀ ਜਾਣਦਾ ਹੈ ਕਿ ਆਪਣੇ ਨਾਮ ਦੀ ਦਾਤਿ ਕਿਸ ਨੂੰ ਦੇਣੀ ਹੈ। ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਦੀ ਬਖ਼ਸ਼ਸ਼ ਕਰਨ ਵਾਲਾ ਹਰਿ-ਨਾਮ ਉਚਾਰਦਾ ਹੈ, ਉਸ ਦਾ ਇਹ ਮਨ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ।1। ਰਹਾਉ।

ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰੇਮ ਨਾਲ ਪਰਮਾਤਮਾ ਨੂੰ ਯਾਦ ਕਰ ਕਰ ਕੇ, ਮਨੁੱਖ ਹਰਿ-ਨਾਮ ਦੇ ਸੁਆਦ ਦੀ ਬਰਕਤਿ ਨਾਲ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜਿਆ ਰਹਿੰਦਾ ਹੈ। ਜਿਹੜੇ ਮਨੁੱਖ ਹਰਿ-ਨਾਮ ਵਿਚ ਲੀਨ ਰਹਿੰਦੇ ਹਨ, ਉਹ ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ ਮਾਇਆ ਦੇ ਮੋਹ ਵਲੋਂ ਬਚੇ ਰਹਿੰਦੇ ਹਨ, ਉਹਨਾਂ ਦੇ ਅਨੇਕਾਂ ਜਨਮਾਂ ਦੇ ਪਾਪ ਸੜ ਜਾਂਦੇ ਹਨ।1।

ਹੇ ਭਾਈ! ਭਗਵੇ ਰੰਗ ਦੇ ਭੇਖ ਨਾਲ (ਧਰਤੀ ਉਤੇ) ਭੌਂ ਕੇ ਵਿਕਾਰਾਂ ਤੋਂ ਖ਼ਲਾਸੀ ਨਹੀਂ ਹੁੰਦੀ। ਕਠਨ ਤਪਾਂ ਨਾਲ

ਨਿਰੇ ਵਿਕਾਰਾਂ ਤੋਂ ਬਚਣ ਦੇ ਜਤਨ ਨਾਲ ਭੀ ਕੋਈ ਮਨੁੱਖ ਆਤਮਕ ਸ਼ਾਂਤੀ ਪ੍ਰਾਪਤ ਨਹੀਂ ਕਰ ਸਕਦਾ। ਜਿਹੜਾ ਮਨੁੱਖ ਗੁਰੂ ਦੀ ਮਤਿ ਲੈਂਦਾ ਹੈ, ਉਸ ਨੂੰ ਪ੍ਰਭੂ ਦਾ ਨਾਮ ਪ੍ਰਾਪਤ ਹੁੰਦਾ ਹੈ, ਉਹ ਵਡ-ਭਾਗੀ ਮਨੁੱਖ ਪਰਮਾਤਮਾ ਨੂੰ ਮਿਲ ਪੈਂਦਾ ਹੈ।2।

ਹੇ ਭਾਈ! ਇਸ ਬਖੇੜਿਆਂ-ਭਰੇ ਜਗਤ ਵਿਚ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ। ਇਹ ਨਾਮ ਪੂਰੇ ਗੁਰੂ ਪਾਸੋਂ ਹੀ ਮਿਲਦਾ ਹੈ। ਹਰਿ-ਨਾਮ (ਦੇ ਪਿਆਰ-ਰੰਗ) ਵਿਚ ਰੰਗੀਜ ਕੇ ਮਨੁੱਖ ਸਦਾ (ਹਰੇਕ ਜੁਗ ਵਿਚ) ਸੁਖ ਮਾਣਦਾ ਹੈ। ਨਾਮ ਤੋਂ ਬਿਨਾ ਮਨੁੱਖ ਹਉਮੈ ਦੀ ਅੱਗ ਵਿਚ ਆਪਣਾ ਆਤਮਕ ਜੀਵਨ ਸੁਆਹ ਕਰ ਲੈਂਦਾ ਹੈ।3।

ਹੇ ਭਾਈ! ਜਿਹੜਾ ਭਾਗਾਂ ਵਾਲਾ ਮਨੁੱਖ ਪਰਮਾਤਮਾ ਦੇ ਨਾਮ ਨੂੰ ਆਪਣੇ ਸੋਚ-ਮੰਡਲ ਵਿਚ ਵਸਾਂਦਾ ਹੈ, ਨਾਮ ਦੀ ਬਰਕਤਿ ਨਾਲ ਉਸ ਦਾ ਸਾਰਾ ਦੁੱਖ ਮੁੱਕ ਜਾਂਦਾ ਹੈ। ਹੇ ਨਾਨਕ! ਉਹ ਮਨੁੱਖ ਹਰ ਥਾਂ ਸਿਰਜਣਹਾਰ ਨੂੰ ਵੱਸਦਾ ਸਮਝਦਾ ਹੈ (ਉਹ ਜਾਣਦਾ ਹੈ ਕਿ ਜਿਹੜਾ ਪ੍ਰਭੂ) ਹਿਰਦੇ ਵਿਚ ਵੱਸ ਰਿਹਾ ਹੈ, ਬਾਹਰ ਜਗਤ ਵਿਚ ਭੀ ਉਹੀ ਪਸਰਿਆ ਹੋਇਆ ਹੈ।4।12।